Vigilance Bureau Punjab

VB nabs clerk red handed for taking bribe

Chandigarh, February 21: State Vigilance Bureau today nabbed clerk of Cooperative Societies Ludhiana red handed for accepting bribe of Rs. 12000/-.

Disclosing this here today a spokesperson of Vigilance Bureau Punjab said Parminder Singh, clerk, posted in the office of Assistant Registrar, cooperative Societies in Ludhiana district was caught red handed on the complaint of Mr. Amreek Singh, President of Cooperative agricultural service Society, village Jartoli Ludhiana district.

Giving details he said the complainant approached the VB and alleged that the above named clerk demanding bribe of Rs. 50,000 for getting approval from higher authorities to appoint salesman in the Society, and the deal was struck at Rs. 35000/-.

After verifying his complaint the VB team laid a trap and the accused was caught red handed with Rs. 12,000 as a first installment and tainted money was recovered from him in the presence of two official witnesses.

He informed that a case under Prevention of Corruption Act has been registered against the accused at VB police Ludhiana and further investigation was under progress.

----------------

**ਵਿਜੀਲੈਂਸ ਬਿਓਰੋ ਪੰਜਾਬ**

**ਵਿਜੀਲੈਂਸ ਵਲੋਂ ਕਲਰਕ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ**

ਚੰਡੀਗੜ੍ਹ 21 ਫਰਵਰੀ: ਵਿਜੀਲੈਂਸ ਬਿਓਰੋ ਪੰਜਾਬ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਚਲ ਰਹੀ ਮੁਹਿੰਮ ਦੌਰਾਨ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ ਲੁਧਿਆਣਾ ਵਿਖੇ ਤਾਇਨਾਤ ਇਕ ਕਲਰਕ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦਸਿਆ ਕਿ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ ਲੁਧਿਆਣਾ ਵਿਖੇ ਤਾਇਨਾਤ ਪਰਮਿੰਦਰ ਸਿੰਘ ਕਲਰਕ ਨੂੰ ਸ਼ਿਕਾਇਤਕਰਤਾ ਅਮਰੀਕ ਸਿੰਘ ਪ੍ਰਧਾਨ ਸਹਿਕਾਰੀ ਖੇਤੀ ਸੇਵਾ ਸਭਾ, ਪਿੰਡ ਜੜਤੋਲੀ ਜਿਲਾ ਲੁਧਿਆਣਾ ਦੀ ਸ਼ਿਕਾਇਤ ਉੱਤੇ ਵਿਜੀਲੈਂਸ ਬਿਓਰੋ ਵਲੋਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਓਰੋ ਨੂੰ ਆਪਣੀ ਸ਼ਿਕਾਇਤ ਵਿੱਚ ਦਸਿਆ ਕਿ ਉਕਤ ਕਲਰਕ ਵਲੋਂ ਜੜਤੋਲੀ ਕੋਆਰਪਰੇਟਿਵ ਸੁਸਾਇਟੀ ਵਿਖੇ ਉਚ ਅਧਿਕਾਰੀਆਂ ਤੋਂ ਮੰਜੂਰੀ ਲੈਣ ਉਪਰੰਤ ਸੇਲਸਮੈਨ ਨਿਯੁਕਤ ਕਰਨ ਬਦਲੇ 50 ਹਜਾਰ ਰੁਪਏ ਦੀ ਮੰਗ ਕਰ ਰਿਹਾ ਹੈ ਤੇ ਸੌਦਾ 35 ਹਜਾਰ ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵਲੋਂ ਪੜਤਾਲ ਉਪਰੰਤ ਉਕਤ ਕਲਰਕ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਪਹਿਲੀ ਕਿਸ਼ਤ ਵਜੋਂ 12,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਲੁਧਿਆਣਾ ਵਿਖੇ ਮੁਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।